Vigilance Bureau, Punjab

**Vigilance nabs 16 officials, 1 private person in 12 bribery cases during May**

Chandigarh, June 10 : State Vigilance Bureau, during its ongoing crusade against corruption, has been able to nab 16 employees and 1 private person red handed while accepting bribes in 12 different trap cases during the month of May, which includes 4 police personnel, 3 employees of revenue department and 9 from other departments.

Disclosing this, Chief Director-cum-ADGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 15 vigilance cases in various special courts in the last month. In addition to this the VB has registered four vigilance cases against public servants after thorough investigation of vigilance enquiries. One enquiry has also been registered to probe the allegation, he added

Giving more details, he informed that special courts have decided two bribery cases filed and contested by the Bureau during the last month, in which Gurmail Singh, Kanugo and a patwari Sohan Singh both were posted at Moga have been convicted and sentenced with 4 years imprisonment and fine of Rs. 5,000/- each by the Additional Session Judge, Moga.

Similarly, in another case , Arman Kumar, Lecturer, posted at Punjabi University constituent college Ghanour, Patiala district was convicted and sentenced with 5 years imprisonment and fine of Rs. 20,000/- by the Additional Session Judge,Patiala.

ਵਿਜੀਲੈਂਸ ਬਿਊਰੋ ਪੰਜਾਬ

ਵਿਜੀਲੈਂਸ ਨੇ ਮਈ ਮਹੀਨੇ 16 ਮੁਲਾਜ਼ਮ ਅਤੇ 1 ਪ੍ਰਾਈਵੇਟ ਵਿਅਕਤੀ ਨੂੰ ਰਿਸ਼ਵਤ ਲੈਂਦੇ ਦਬੋਚਿਆ

ਚੰਡੀਗੜ੍ਹ, 10 ਜੂਨ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਮਈ ਮਹੀਨੇ ਦੌਰਾਨ ਕੁੱਲ 12 ਛਾਪੇ ਮਾਰਕੇ 16 ਸਰਕਾਰੀ ਮੁਲਾਜ਼ਮ ਅਤੇ 1 ਪ੍ਰਾਈਵੇਟ ਵਿਅਕਤੀ ਨੂੰ ਵੱਖ-ਵੱਖ ਕੇਸਾਂ ਵਿਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਜਿਨ੍ਹਾਂ ਵਿਚ ਪੁਲਿਸ ਵਿਭਾਗ ਦੇ 4, ਮਾਲ ਵਿਭਾਗ ਦੇ 3 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 9 ਮੁਲਾਜਮ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਇਸ ਦੌਰਾਨ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਰੋਕਣ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ। ਇਸ ਦਿਸ਼ਾ ਵਿਚ ਵਿਜੀਲੈਂਸ ਦੇ ਪੜਤਾਲੀਆ ਅਧਿਕਾਰੀਆਂ ਨੇ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਚਲਦੇ ਮੁਕੱਦਮਿਆਂ ਦੌਰਾਨ ਦੋਸੀਆਂ ਨੂੰ ਨਿਆਂਇਕ ਸਜ਼ਾਵਾਂ ਦਿਵਾਉਣ ਲਈ ਪੁਖਤਾ ਪੈਰਵੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ 15 ਕੇਸਾਂ ਦੇ ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਪੜਤਾਲ ਕਰਨ ਲਈ ਵਿਜੀਲੈਂਸ ਵਲੋਂ 4 ਮੁਕੱਦਮੇ ਵੀ ਦਰਜ ਕੀਤੇ ਗਏ। ਇਸੇ ਦੋਰਾਨ ਭ੍ਰਿਸ਼ਟਾਚਾਰ ਸਬੰਧੀ ਲਗਾਏ ਇਲਜਾਮਾਂ ਦੀ ਪੁਖਤਾ ਪੜਤਾਲ ਲਈ ਇਕ ਹੋਰ ਵਿਜੀਲੈਂਸ ਪੜਤਾਲ ਵੀ ਦਰਜ ਕੀਤੀ ਗਈ।

ਹੋਰ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਵਿਜੀਲੈਂਸ ਵਲੋਂ ਦਰਜ ਕੀਤੇ ਕੇਸਾਂ ਦੀ ਸੁਣਵਾਈ ਦੌਰਾਨ ਪਿਛਲੇ ਮਹੀਨੇ ਦੋ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਨੇ ਦੋ ਸਰਕਾਰੀ ਮੁਲਾਜਮਾਂ ਨੂੰ ਸਜਾਵਾਂ ਤੇ ਜੁਰਮਨੇ ਕੀਤੇ ਹਨ ਜਿਨ੍ਹਾਂ ਵਿਚ ਮੋਗਾ ਵਿਖੇ ਤਾਇਨਾਤ ਕਾਨੂੰਗੋ ਗੁਰਮੇਲ ਸਿੰਘ ਅਤੇ ਪਟਾਵਰੀ ਸੋਹਨ ਸਿੰਘ ਨੂੰ ਮੋਗਾ ਦੀ ਅਦਾਲਤ ਵਲੋਂ 4-4 ਸਾਲ ਦੀ ਕੈਦ ਅਤੇ ਪੰਜ-ਪੰਜ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

ਇਸ ਤਰ੍ਹਾਂ ਦੂਜੇ ਕੇਸ ਵਿਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕਾਂਸਟੀਚੂਐਂਟ ਕਾਲਜ ਘਨੌਰ ਜਿਲਾ ਪਟਿਆਲਾ ਵਿਖੇ ਤਾਇਨਾਤ ਲੈਕਚਰਾਰ ਅਰਮਾਨ ਕੁਮਾਰ ਨੂੰ ਪਟਿਆਲਾ ਦੀ ਅਦਾਲਤ ਵਲੋਂ 5 ਸਾਲ ਦੀ ਕੈਦ ਅਤੇ 20,000 ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

----------------